I/85421/2020

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਮੈਰਿਜ ਪੈਲੇਸਾਂ ਵਿਚ ਹਥਿਆਰ ਲੈ ਕੇ ਜਾਣ ’ਤੇ ਪਾਬੰਦੀ

ਫ਼ਾਜ਼ਿਲਕਾ, 5 ਅਕਤੂਬਰ

ਜ਼ਿਲ੍ਹਾ ਮੈਜਿਸਟਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਫੌਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ ਨੰ 2) ਦੀ ਧਾਰਾ 144 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹੇ ਵਿਚ ਅਮਨ ਕਾਨੂੰਨ ਦੀ ਸਥਿਤੀ ਦੇ ਮੱਦੇ ਨਜ਼ਰ ਮੈਰਿਜ ਪੈਲਿਸ ਵਿੱਚ ਹਰ ਕਿਸਮ ਦਾ ਅਸਲਾ ਲੈ ਕੇ ਜਾਣ ’ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ 30 ਨਵੰਬਰ 2020 ਤੱਕ ਲਾਗੂ ਰਹਿਣਗੇ।

ਜ਼ਿਲ੍ਹਾ ਮੈਜਿਸਟਰੇਟ ਨੇ ਜਾਰੀ ਹੁਕਮਾਂ ਵਿੱਚ ਕਿਹਾ ਕਿ ਮੈਰਿਜ ਪੈਲੇਸਾਂ ਵਿੱਚ ਲੋਕ ਅਸਲਾ ਲੈ ਕੇ ਜਾਂਦੇ ਹਨ ਤੇ ਜੋਸ਼ ਵਿੱਚ ਅਕਸਰ ਹੀ ਫਾਇਰਿੰਗ ਕਰਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ ਜਿਸ ਨਾਲ ਕਈ ਵਾਰ ਅਣਸੁਖਾਵੀਂ ਘਟਨਾ ਵਾਪਰਨ ਦਾ ਡਰ ਬਣਿਆ ਰਹਿੰਦਾ ਹੈ। ਮੈਰਿਜ ਪੈਲੇਸਾਂ ਵਿੱਚ ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਹਿੱਤ ਹੀ ਪੈਲੇਸਾਂ ਵਿੱਚ ਅਸਲਾ ਲੈ ਕੇ ਜਾਣ ’ਤੇ ਪਾਬੰਦੀ ਲਗਾਈ ਗਈ ਹੈ।

I/85416/2020

**ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

## ਸ਼ਾਮ ਨੂੰ ਸੂਰਜ ਡੁੱਬਣ ਤੋਂ ਬਾਅਦ ਅਤੇ ਸਵੇਰੇ ਸੂਰਜ ਚੜਨ ਤੋਂ ਪਹਿਲਾਂ ਗਊ ਵੰਸ਼ ਦੀ ਢੋਆ ਢੁਆਈ ’ਤੇ ਪੂਰਨ ਪਾਬੰਦੀ

**ਫ਼ਾਜ਼ਿਲਕਾ, 5 ਅਕਤੂਬਰ**

ਜ਼ਿਲਾ ਮੈਜਿਸਟਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਫੌਜਦਾਰੀ ਜਾਬਤਾ ਸੰਘਤਾ 1973 ਦੀ ਧਾਰਾ 144 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲਾ ਫ਼ਾਜ਼ਿਲਕਾ ਵਿਚ ਸ਼ਾਮ ਨੂੰ ਸੂਰਜ ਡੁੱਬਣ ਤੋਂ ਬਾਅਦ ਅਤੇ ਸਵੇਰੇ ਸੂਰਜ ਚੜਨ ਤੋਂ ਪਹਿਲਾਂ ਗਊ ਵੰਸ਼ ਦੀ ਢੋਆ ਢੁਆਈ ’ਤੇ ਪੂਰਨ ਪਾਬੰਦੀ ਲਗਾਈ ਹੈ ਅਤੇ ਜਿਨਾਂ ਲੋਕਾਂ ਨੇ ਗਊ ਵੰਸ਼ ਰੱਖੇ ਹੋਏ ਹਨ, ਉਨਾਂ ਨੂੰ ਪਸ਼ੂ ਪਾਲਣ ਵਿਭਾਗ ਪਾਸ ਰਜਿਸਟਰਡ ਕਰਾਉਣ ਦੇ ਆਦੇਸ਼ ਦਿੱਤੇ ਹਨ। ਇਹ ਹੁਕਮ 30 ਨਵੰਬਰ 2020 ਤੱਕ ਲਾਗੂ ਰਹਿਣਗੇ।

ਉਨਾਂ ਕਿਹਾ ਕਿ ਆਮ ਵੇਖਣ ਵਿਚ ਆਉਂਦਾ ਹੈ ਕਿ ਲਾਵਾਰਸ਼ ਗਊਆਂ ਕਾਰਨ ਰਾਤ ਸਮੇਂ ਸੜਕ ਤੇ ਕਈ ਵਾਰ ਐਕਸੀਡੈਂਟ ਹੋ ਜਾਂਦੇ ਹਨ। ਜਿਸ ਕਾਰਨ ਆਮ ਲੋਕਾਂ ਦਾ ਜਾਨੀ ਤੇ ਮਾਲੀ ਨੁਕਸਾਨ ਵੀ ਹੁੰਦਾ ਹੈ। ਐਕਸੀਡੈਂਟ ਕਾਰਨ ਮਰੇ ਗਊ ਵੰਸ਼ ਸਬੰਧੀ ਕਈ ਵਾਰ ਲੋਕਾਂ ਵੱਲੋਂ ਇਹ ਇਲਜਾਮ ਲਗਾਇਆ ਜਾਂਦਾ ਹੈ ਕਿ ਇਨਾਂ ਨੂੰ ਕਿਸੇ ਸ਼ਰਾਰਤੀ ਅਨਸਰਾਂ ਨੇ ਮਾਰ ਕੇ ਸੁੱਟ ਦਿੱਤਾ ਹੈ, ਜਿਸ ਨਾਲ ਸਮਾਜ ਦੇ ਵੱਡੇ ਵਰਗ ਵਿਚ ਬੇਚੈਨੀ ਵੀ ਫੈਲਦੀ ਹੈ।

ਉਨਾਂ ਕਿਹਾ ਕਿ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਇਹ ਯਕੀਨੀ ਬਣਾਉਣਗੇ ਕਿ ਸ਼ਹਿਰਾਂ ਅਤੇ ਪਿੰਡਾਂ ਵਿਚ ਜਿੰਨਾਂ ਲੋਕਾਂ ਨੇ ਗਊ ਵੰਸ਼ ਰੱਖਿਆ ਹੋਇਆ ਹੈ ਉਹ ਉਨਾਂ ਨੂੰ ਰਜਿਸਟਰਡ ਜ਼ਰੂਰ ਕਰਵਾਉਣ। ਏਰੀਆ ਦੇ ਸਬੰਧਤ ਪਸ਼ੂ ਪਾਲਣ ਅਫਸਰ ਕੋਲੋਂ ਗਊ ਵੰਸ਼ ਦੀ ਰਜਿਸਟਰੇਸ਼ਨ ਕਰਵਾਉਣ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਗਊ ਵੰਸ਼ ਨੂੰ ਲੈ ਕੇ ਕੋਈ ਅਣਸੁਖਾਵੀਂ ਘੱਟਨਾ ਨਾ ਵਾਪਰ ਸਕੇ ਅਤੇ ਗਊ ਵੰਸ਼ ਦੀ ਸੁਰੱਖਿਆ ਸਬੰਧੀ ਉਪਰਾਲੇ ਕੀਤੇ ਜਾ ਸਕਣ।

**I/85423/2020**

**ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਨਕਲੀ ਤੇ ਅਣ-ਅਧਿਕਾਰਤ ਵੀਰਜ ਦੇ ਭੰਡਾਰਨ, ਟਰਾਂਸਪੋਰਟੇਸ਼ਨ,**

**ਵਰਤਣ ਅਤੇ ਵੇਚਣ ’ਤੇ ਪਾਬੰਦੀ**

**ਫ਼ਾਜ਼ਿਲਕਾ, 5 ਅਕਤੂਬਰ**

ਜ਼ਿਲਾ ਮੈਜਿਸਟਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਫ਼ੌਜਦਾਰੀ ਜ਼ਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2)

ਦੀ ਧਾਰਾ 144 ਅਧੀਨ ਜ਼ਿਲੇ ਅੰਦਰ ਅਣ-ਅਧਿਕਾਰਤ ਤੌਰ ’ਤੇ ਪਸ਼ੂ ਵੀਰਜ ਦਾ ਭੰਡਾਰਨ, ਟਰਾਂਸਪੋਰਟੇਸ਼ਨ, ਵਰਤਣ ਜਾਂ ਵੇਚਣ ’ਤੇ ਪਾਬੰਦੀ ਲਗਾਈ ਹੈ। ਇਹ ਹੁਕਮ 30 ਨਵੰਬਰ 2020 ਤੱਕ ਲਾਗੂ ਰਹਿਣਗੇ।

ਜ਼ਿਲਾ ਮੈਜਿਸਟਰੇਟ ਨੇ ਜਾਰੀ ਹੁਕਮਾਂ ਵਿੱਚ ਕਿਹਾ ਕਿ ਵਿਭਾਗ ਦੀ ਬਰੀਡਿੰਗ ਪਾਲਿਸੀ ਤਹਿਤ ਰਾਜ ਵਿੱਚ ਵੱਖ-ਵੱਖ ਥਾਵਾਂ ’ਤੇ ਨਕਲੀ ਅਤੇ ਅਣ-ਅਧਿਕਾਰਤ ਵੀਰਜ ਦੀ ਵਿਕਰੀ ਨਾ ਕਰਨ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਜਾਂਦਾ ਰਿਹਾ ਹੈ। ਨੀਤੀ ਮੁਤਾਬਕ ਅਣ-ਅਧਿਕਾਰਤ ਤੌਰ ’ਤੇ ਖਰੀਦੇ ਜਾਂ ਵੇਚੇ ਜਾ ਰਹੇ ਵੀਰਜ ਦੀ ਵਰਤੋਂ ਕਰਨਾ ਉਚਿਤ ਨਹੀਂ ਹੈ ਕਿਉਂ ਜੋ ਅਜਿਹਾ ਕਰਨ ਨਾਲ ਪਸ਼ੂ ਧਨ ਦੀ ਨਸਲ ਖ਼ਰਾਬ ਹੋਣ ਦਾ ਖ਼ਦਸ਼ਾ ਬਣਿਆ ਰਹਿੰਦਾ ਹੈ ਕਿਉਂਕਿ ਅਜਿਹੇ ਵੀਰਜ ਦੀ ਨਸਲ ਬਾਰੇ ਪਤਾ ਨਹੀਂ ਲੱਗਦਾ। ਇਸ ਤੋਂ ਇਲਾਵਾ ਪਸ਼ੂ ਧੰਨ ਦੀ ਪ੍ਰਜਨਣ ਸ਼ਕਤੀ ’ਤੇ ਵੀ ਮਾੜਾ ਅਸਰ ਪੈਂਦਾ ਹੈ। ਇਸ ਅਸਰ ਦਾ ਤੁਰੰਤ ਪਤਾ ਨਹੀਂ ਲੱਗਦਾ, ਸਗੋਂ ਆਉਣ ਵਾਲੇ ਸਮੇਂ ਵਿੱਚ ਇਸ ਦੇ ਪ੍ਰਭਾਵ ਦਿੱਖਣੇ ਸ਼ੁਰੂ ਹੋ ਜਾਂਦੇ ਹਨ। ਅਜਿਹਾ ਹੋਣ ਦੀ ਸੂਰਤ ਵਿੱਚ ਵਿਭਾਗ ਵੱਲੋਂ ਲੰਮੇ ਸਮੇਂ ਤੋਂ ਪਸ਼ੂਆਂ ਦੀ ਨਸਲ ਸੁਧਾਰ ਬਾਰੇ ਕੀਤੇ ਜਾ ਰਹੇ ਉਪਰਾਲੇ ਬੇਕਾਰ ਹੋ ਜਾਂਦੇ ਹਨ। ਕਿਉਂਕਿ ਵਿਭਾਗ ਵੱਲੋਂ ਮਿਥੇ ਮਾਪਦੰਡਾਂ ਤੇ ਨਸਲ ਸੁਧਾਰ ਨੀਤੀ ਅਨੁਸਾਰ ਹੀ ਆਪਣੇ ਪਸ਼ੂ ਫਾਰਮਾਂ ’ਚ ਉਤਮ ਸਾਨਾਂ ਤੋਂ ਤਿਆਰ ਕੀਤਾ ਗਿਆ ਵੀਰਜ ਮਸਨੂਈ ਗਰਭਦਾਨ ਲਈ ਵਰਤਿਆ ਜਾਂਦਾ ਹੈ ਅਤੇ ਇਸੇ ਅਨੁਸਾਰ ਹੀ ਵੀਰਜ ਦੀ ਦਰਾਮਦਗੀ ਕੀਤੀ ਜਾਂਦੀ ਹੈ। ਇਸ ਲਈ ਅਣ-ਅਧਿਕਾਰਤ ਤੌਰ ’ਤੇ ਵੀਰਜ ਵੇਚਣਾ ਇਕ ਅਤਿ ਗੰਭੀਰ ਮਾਮਲਾ ਹੈ ਜਿਸ ਦਾ ਫੌਰੀ ਤੌਰ ’ਤੇ ਹੱਲ ਜ਼ਰੂਰੀ ਹੈ।

ਜ਼ਿਲਾ ਮੈਜਿਸਟਰੇਟ ਨੇ ਕਿਹਾ ਕਿ ਇਹ ਹੁਕਮ ਪਸ਼ੂ ਵਿਕਾਸ ਅਤੇ ਪੰਚਾਇਤ, ਪੰਜਾਬ ਦੀਆਂ ਸਮੂਹ ਪਸ਼ੂ ਸੰਸਥਾਵਾਂ ਸਮੇਤ ਪਸ਼ੂ ਹਸਪਤਾਲ, ਪਸ਼ੂ ਡਿਸਪੈਂਸਰੀਆਂ ਤੇ ਪੋਲੀਕਲੀਨਿਕ, ਪੇਂਡੂ ਵਿਕਾਸ ਅਤੇ ਪੰਚਾਇਤਾਂ ਵਿਭਾਗ, ਪੰਜਾਬ ਅਧੀਨ ਚੱਲ ਰਹੇ ਪਸ਼ੂ ਦਿਹਾਤੀ ਹਸਪਤਾਲਾਂ ਨੂੰ ਜੋ ਕਿ ਪਸ਼ੂ ਪਾਲਣ ਵਿਭਾਗ ਪੰਜਾਬ ਵੱਲੋਂ ਸਪਲਾਈ ਕੀਤੇ ਵੀਰਜ ਨੂੰ ਵਰਤ ਰਹੇ ਹਨ, ਪਸ਼ੂ ਪਾਲਣ ਵਿਭਾਗ, ਪੰਜਾਬ, ਮਿਲਕਫੈਡ ਅਤੇ ਕਾਲਜ ਆਫ ਵੈਟਨਰੀ ਸਾਇੰਸ, ਗਡਵਾਸੂ ਲੁਧਿਆਣਾ ਵੱਲੋਂ ਚਲਾਏ ਜਾ ਰਹੇ ਮਨਸੂਈ ਗਰਭਦਾਨ ਕੇਂਦਰਾਂ ਜਾਂ ਹੋਰ ਮਨਸੂਈ ਗਰਭਦਾਨ ਕੇਂਦਰਾਂ, ਜੋ ਪਸ਼ੂ ਪਾਲਣ ਵਿਭਾਗ ਪੰਜਾਬ ਵੱਲੋਂ ਪ੍ਰੋਸੈਸ ਅਤੇ ਸਪਲਾਈ ਜਾਂ ਇੰਪੋਰਟ ਕੀਤੇ ਜਾ ਰਹੇ ਵੀਰਜ ਅਤੇ ਪ੍ਰੋਗਰੈਸਿਵ ਡੇਅਰੀ ਫਾਰਮਜ਼ ਐਸੋਸੀਏਸ਼ਨ, ਪੰਜਾਬ ਦੇ ਮੈਂਬਰ ਜਿਨਾਂ ਨੇ ਆਪਣੇ ਪਸ਼ੂਆਂ ਦੀ ਵਰਤੋਂ ਲਈ ਬੋਵਾਈਨ ਸੀਮਨ ਇੰਪੋਰਟ ਕੀਤਾ ਹੋਵੇ, ’ਤੇ ਲਾਗੂ ਨਹੀ ਹੋਣਗੇ।

**I/85529/2020**

**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ**

**ਹੁਣ ਸੇਵਾ ਕੇਂਦਰਾਂ ਵਿੱਚ ਮਿਲਣਗੀਆਂ 14 ਹੋਰ ਸੇਵਾਵਾਂ: ਡਿਪਟੀ ਕਮਿਸ਼ਨਰ**

**ਸਵੇਰੇ 9 ਤੋਂ ਸ਼ਾਮ 5 ਵਜੇ ਤੱਕ ਰਹੇਗਾ ਸੇਵਾ ਕੇਂਦਰਾਂ ਦਾ ਸਮਾਂ**

**ਫਾਜ਼ਿਲਕਾ, 5 ਅਕਤੂਬਰ**

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਸਾਂਝ ਕੇਂਦਰਾਂ ਵਿਚ ਮਿਲਣ ਵਾਲੀਆਂ 14 ਤਰਾਂ ਦੀਆਂ ਸੇਵਾਵਾਂ ਹੁਣ ਸੇਵਾ ਕੇਂਦਰਾਂ ਵਿੱਚ ਵੀ ਮੁਹੱਈਆ ਕਰਵਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਹ ਸੇਵਾਵਾਂ ਹੁਣ ਸੇਵਾ ਕੇਂਦਰਾਂ ਵਿਚ ਦੇਣੀਆਂ ਸ਼ੁਰੂ ਕੀਤੀਆਂ ਗਈਆਂ ਹਨ।ਇਸ ਤੋਂ ਇਲਾਵਾ ਜ਼ਿਲ੍ਹੇ ਦੇ 19 ਸੇਵਾ ਕੇਂਦਰਾਂ ਦਾ ਸਮਾਂ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਹੋਵੇਗਾ ਤੇ ਇਸ ਸਮੇਂ ਅੰਦਰ ਲੋਕਾਂ ਨੂੰ ਸੇਵਾਵਾਂ ਦਾ ਲਾਭ ਮੁਹੱਈਆ ਕਰਵਾਇਆ ਜਾਵੇਗਾ।

ਡਿਪਟੀ ਕਮਿਸ਼ਨਰ ਸ. ਸੰਧੂ ਨੇ ਦੱਸਿਆ ਕਿ ਇਨਾਂ ਸੇਵਾਵਾਂ ਵਿਚ ਸ਼ਿਕਾਇਤ ਦੀ ਜਾਣਕਾਰੀ, ਸ਼ਿਕਾਇਤ ’ਤੇ ਕੀਤੀ ਗਈ ਕਾਰਵਾਈ, ਐਫ.ਆਈ.ਆਰ. ਜਾਂ ਡੀ.ਡੀ.ਆਰ. ਦੀ ਕਾਪੀ, ਸੜਕ ਦੁਰਘਟਨਾ ਮਾਮਲੇ ਵਿਚ ਰਿਪੋਰਟ ਦੀ ਕਾਪੀ, ਵਹੀਕਲ ਚੋਰੀ ਦੇ ਮਾਮਲੇ ਵਿਚ ਰਿਪੋਰਟ ਦੀ ਕਾਪੀ, ਚੋਰੀ ਦੇ ਮਾਮਲੇ ਵਿਚ ਅਪ੍ਰਕਾਸ਼ਿਤ ਰਿਪੋਰਟ ਦੀ ਕਾਪੀ, ਲਾਊਡ ਸਪੀਕਰ ਦੀ ਵਰਤੋਂ ਲਈ ਐਨ.ਓ.ਸੀ., ਵਾਹਨਾਂ ਲਈ ਐਨ.ਓ.ਸੀ., ਵੀਜ਼ੇ ਲਈ ਪੁਲਿਸ ਕਲੀਅਰੈਂਸ, ਕਰੈਕਟਰ

ਵੈਰੀਫਿਕੇਸ਼ਨ, ਕਿਰਾਏਦਾਰਾਂ ਦੀ ਵੈਰੀਫਿਕੇਸ਼ਨ, ਕਰਮਚਾਰੀ ਦੀ ਵੈਰੀਫਿਕੇਸ਼ਨ ਅਤੇ ਘਰੇਲੂ ਨੌਕਰ ਦੀ ਵੈਰੀਫਿਕੇਸ਼ਨ ਸਬੰਧੀ ਸੇਵਾਵਾਂ ਸ਼ਾਮਲ ਹਨ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਾਂਝ ਕੇਂਦਰਾਂ ਦੀਆਂ ਇਹ ਸਾਰੀਆਂ ਸੇਵਾਵਾਂ ਹੁਣ ਸੇਵਾ ਕੇਂਦਰਾਂ ਤੋਂ ਵੀ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਦਾ ਮੰਤਵ ਲੋਕਾਂ ਨੂੰ ਖਜਲ-ਖੁਆਰੀ ਤੋਂ ਬਚਾਉਣਾ ਹੈ ਇਸੇ ਤਹਿਤ ਇਕੋ ਛੱਤ ਹੇਠ ਅਨੇਕਾਂ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨਾਂ ਸੇਵਾ ਕੇਂਦਰਾਂ ਅਧੀਨ ਕੰਮ ਕਰ ਰਹੇ ਸਟਾਫ ਨੂੰ ਕਿਹਾ ਕਿ ਸੇਵਾ ਕੇਂਦਰਾਂ ਵਿੱਚ ਕੋਰੋਨਾ ਵਾਇਰਸ ਤੋਂ ਬਚਾਅ ਲਈ ਪ੍ਰੋਟੋਕੋਲਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸੇਵਾਵਾਂ ਮੁਹੱਈਆ ਕਰਵਾਉਣ `ਚ ਕੋਈ ਕੁਤਾਹੀ ਨਾ ਵਰਤੀ ਜਾਵੇ।ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕਰਦਿਆਂ ਕਿਹਾ ਕਿ ਸੇਵਾ ਕੇਂਦਰ ਆਉਣ ਸਮੇਂ ਮਾਸਕ ਲਾਜ਼ਮੀ ਪਾਇਆ ਜਾਵੇ ਅਤੇ ਆਪਸ ਵਿਚ ਸਮਾਜਿਕ ਦੂਰੀ ਜ਼ਰੂਰ ਕਾਇਮ ਕੀਤੀ ਜਾਵੇ।

**I/85671/2020**

**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ**

**ਕੋਵਿਡ-19 ਮਹਾਂਮਾਰੀ ਤੋਂ ਪੀੜਤ 1997 ਵਿਅਕਤੀਆਂ ਨੇ ਕੋਰੋਨਾ ਵਾਇਰਸ ਨੂੰ ਮਾਤ ਦਿੰਦਿਆਂ ਹਾਸਲ ਕੀਤੀ ਸਿਹਤਯਾਬੀ**

**ਹੁਣ ਤੱਕ 38654 ਵਿਅਕਤੀਆਂ ਦੀ ਕੀਤੀ ਗਈ ਜਾਂਚ**

**ਫਾਜ਼ਿਲਕਾ 5 ਅਕਤੂਬਰ :**

ਜ਼ਿਲਾ ਫਾਜ਼ਿਲਕਾ ਨਾਲ ਸਬੰਧਿਤ ਹੁਣ ਤੱਕ ਕੋਰੋਨਾ ਵਾਇਰਸ ਤੋਂ ਪੀੜਤ 1997 ਵਿਅਕਤੀ ਕੋਰੋਨਾ ਵਾਇਰਸ ਨੂੰ ਮਾਤ ਦਿੰਦਿਆਂ ਸਿਹਤਯਾਬੀ ਹਾਸਲ ਕਰ ਚੁੱਕੇ ਹਨ।ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਜ਼ਿਲਾ ਫਾਜ਼ਿਲਕਾ ਵਿਚ ਹੁਣ ਤੱਕ 38654 ਵਿਅਕਤੀਆਂ ਦੀ ਕੋਰੋਨਾ ਜਾਂਚ ਕੀਤੀ ਗਈ ਹੈ, ਜਿਨਾਂ ਵਿਚੋਂ 35628 ਵਿਅਕਤੀਆਂ ਦੀ ਰਿਪੋਰਟ ਨੈਗੇਟਿਵ ਆਈ ਹੈ, 462 ਦੀ ਰਿਪੋਰਟ ਆਉਣੀ ਬਾਕੀ ਹੈ।

ਉਹਨਾਂ ਦੱਸਿਆ ਕਿ ਅੱਜ ਫਾਜ਼ਿਲਕਾ ਜ਼ਿਲ੍ਹੇ ਅੰਦਰ 51 ਜਣੇ ਪਾਜੀਟਿਵ ਆਉਣ ਨਾਲ ਹੁਣ ਤੱਕ 2532 ਵਿਅਕਤੀ ਕੋਰੋਨਾ ਤੋਂ ਪੀੜਤ ਪਾਏ ਗਏ ਹਨ, ਜਦਕਿ ਅੱਜ 10 ਜਣਿਆਂ ਸਮੇਤ ਕੁੱਲ 1997 ਵਿਅਕਤੀਆਂ ਨੇ ਕਰੋਨਾ ਨੂੰ ਮਾਤ ਦਿੱਤੀ ਹੈ।ਉਹਨਾਂ ਦੱਸਿਆ ਕਿ ਇਸ ਸਮੇਂ ਜ਼ਿਲੇ ਵਿੱਚ ਕੋਵਿਡ-19 ਦੇ 495 ਕੇਸ ਐਕਟਿਵ ਹਨ। ਉਨ੍ਹਾਂ ਕਿਹਾ ਕਿ ਹੁਣ ਤੱਕ ਜ਼ਿਲ੍ਹੇ ਅੰਦਰ 40 ਵਿਅਕਤੀਆਂ ਦੀ ਮੌਤ ਹੋ ਚੁੱਕੀ ਹੈ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਕੋਵਿਡ ਤੋਂ ਬਚਣ ਲਈ ਮਾਸਕ ਲਾਜ਼ਮੀ ਪਾਇਆ ਜਾਵੇ, ਵਾਰ-ਵਾਰ ਹੱਥਾਂ ਨੂੰ ਧੋਤਾ ਜਾਵੇ, ਆਪਸ ਵਿਚ ਸਮਾਜਿਕ ਦੂਰੀ ਬਰਕਰਾਰ ਰੱਖੀ ਜਾਵੇ ਅਤੇ ਲੱਛਣ ਦਿਖਾਈ ਦੇਣ `ਤੇ ਟੈਸਟ ਜ਼ਰੂਰ ਕਰਵਾਇਆ ਜਾਵੇ।ਉਨ੍ਹਾਂ ਕਿਹਾ ਕਿ ਬਚਾਅ ਵਿਚ ਹੀ ਆਪਣਾ ਬਚਾਅ ਹੈ।ਇਸ ਕਰਕੇ ਸਰਕਾਰ ਤੇ ਵਿਭਾਗ ਵੱਲੋਂ ਸਮੇਂ-ਸਮੇਂ ਜਾਰੀ ਹੁੰਦੀਆਂ ਹਦਾਇਤਾਂ ਦਾ ਪਾਲਣਾ ਕਰਨਾ ਯਕੀਨੀ ਬਣਾਇਆ ਜਾਵੇ।

I/85678/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ

ਵਿਧਾਇਕ ਦਵਿੰਦਰ ਘੁਬਾਇਆ ਨੇ ਲਗਭਗ 8 ਕਰੋੜ ਦੀ ਲਾਗਤ ਨਾਲ ਹੋਣ ਵਾਲੇ ਮੰਡੀ ਦੇ ਵਿਕਾਸ ਕੰਮ ਹੋਏ ਮੁਕੰਮਲ

ਫਾਜ਼ਿਲਕਾ 5 ਅਕਤੂਬਰ :

ਅਨਾਜ ਮੰਡੀ ਫਾਜ਼ਿਲਕਾ ਵਿਖੇ ਕਿਸਾਨਾਂ ਦੇ ਹਿਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਧਾਇਕ ਫਾਜ਼ਿਲਕਾ ਸ. ਦਵਿੰਦਰ ਸਿੰਘ ਘੁਬਾਇਆ ਨੇ ਲਗਭਗ 8 ਕਰੋੜ ਰੁਪਏ ਦੇ ਵਿਕਾਸੀ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖ ਦੇ ਉਦਘਾਟਨ ਕੀਤਾ।ਉਨ੍ਹਾਂ

ਦੱਸਿਆ ਕਿ ਇਸ ਵਿਕਾਸ ਪ੍ਰੋਜੈਕਟ ਵਿਚ ਮੰਡੀ ਦੀਆ ਅੰਦਰੂਨੀ ਸੜਕਾ, ਪਾਰਕਿੰਗ, ਸ਼ੈੱਡ, ਨਵਾਂ ਲਾਇਟਨਿੰਗ ਅਤੇ ਸੀਵਰੇਜ ਦੇ ਕਮਾਂ ਆਦਿ ਵਿਕਾਸ ਕੰਮਾਂ ਨੂੰ ਨੇਪਰੇ ਚਾੜਿਆ ਗਿਆ ਹੈ।

ਵਿਧਾਇਕ ਫਾਜ਼ਿਲਕਾ ਸ. ਘੁਬਾਇਆ ਨੇ ਕਿਹਾ ਕਿ ਕਿ ਮੰਡੀ `ਚ ਆ ਰਹੀਆਂ ਫਸਲਾਂ ਅਤੇ ਕਿਸਾਨਾਂ ਨੂੰ ਮੁੱਖ ਰੱਖਦੇ ਹੋਏ ਕਿਸਾਨਾਂ ਨੂੰ ਫਸਲਾਂ ਵੇਚਣ ਸਬੰਧੀ ਮੰਡੀਆਂ ਵਿੱਚ ਕਿਸੇ ਵੀ ਕਿਸਮ ਦੀ ਪੇਸ਼ ਨਾ ਆਵੇ ਇਸ ਲਈ ਮੰਡੀ ਵਿਚ ਕੀਤੇ ਜਾਣ ਵਾਲੇ ਵਿਕਾਸ ਕੰਮਾਂ ਨੂੰ ਪਹਿਲ ਦੇ ਆਧਾਰ `ਤੇ ਮੁਕੰਮਲ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਕਿਸਾਨਾਂ ਨੂੰ ਆਰਥਿਕ ਤੌਰ `ਤੇ ਮਜ਼ਬੂਤ ਕਰਨ ਲਈ ਵਚਨਬਧ ਹੈ। ਉਨ੍ਹਾਂ ਕਿਸਾਨਾਂ ਨੂੰ ਭਰੋਸਾ ਦਵਾਉਂਦਿਆਂ ਕਿਹਾ ਕਿ ਫਸਲ ਵੇਚਣ `ਚ ਉਨ੍ਹਾਂ ਨੂੰ ਕੋਈ ਪ੍ਰੇਸ਼ਾਨੀ ਨਹੀ ਆਉਣ ਦਿੱਤੀ ਜਾਵੇਗੀ।

ਵਿਧਾਇਕ ਫਾਜ਼ਿਲਕਾ ਨੇ ਮੰਡੀ ਆਉਣ ਵਾਲੇ ਸਾਰੇ ਜ਼ਿਮੀਂਦਾਰ ਅਤੇ ਲੇਬਰ ਵਾਲਿਆਂ ਨੂੰ ਅਪੀਲ ਕੀਤੀ ਕਿ ਕੋਵਿਡ 19 ਦੇ ਬਚਾਅ ਲਈ ਆਪਣੇ ਮੂੰਹ ਨੂੰ ਢੱਕ ਕੇ ਰੱਖਣ ਅਤੇ ਅਪਣੇ ਹੱਥ ਸਾਬਣ ਜਾ ਸੈਨੇਟਾਈਜ਼ਰ ਨਾਲ ਸਾਫ ਕਰ ਕੇ ਰੱਖਣ। ਉਨ੍ਹਾਂ ਕਿਹਾ ਕਿ ਫਸਲ ਵੇਚਣ ਦੇ ਨਾਲ-ਨਾਲ ਸਾਨੂੰ ਸਾਰੀਆਂ ਸਾਵਧਾਨੀਆਂ ਦੀ ਪਾਲਣਾ ਵੀ ਜ਼ਰੂਰ ਕਰਨੀ ਚਾਹੀਦੀ ਹੈ।

ਇਸ ਮੌਕੇ ਪ੍ਰੇਮ ਕੁਮਾਰ ਕੁਲਰੀਆਂ ਚੇਅਰਮੈਨ ਮਾਰਕੀਟ ਕਮੇਟੀ ਫਾਜ਼ਿਲਕਾ, ਬਿੱਟੂ ਬਾਡੀ ਵਾਲਾ, ਗੁਰਦਿਆਲ ਸਿੰਘ ਚੇਅਰਮੈਨ ਬਲਾਕ ਸੰਮਤੀ ਫਾਜ਼ਿਲਕਾ, ਸੁੱਖਾ ਸਿੰਘ ਵਾਇਸ ਚੇਅਰਮੈਨ, ਸੁਰਿੰਦਰ ਕਾਲੜਾ ਬਲਾਕ ਪ੍ਰਧਾਨ, ਬਲਕਾਰ ਸਿੰਘ ਸਿੱਧੂ ਮੀਡੀਆ ਸਲਾਹਕਾਰ, ਐਡਵੋਕੇਟ ਗਗਨੇਜਾ, ਸੁਰਿੰਦਰ ਸਚਦੇਵਾ, ਮਨੀਸ਼ ਕਟਾਰੀਆ, ਵੇਦ ਸਹਾਰਨ, ਮੋਹਨ ਲਾਲ ਤਾਂਗੜ੍ਹਾ, ਮਾਧੁਰ ਕੁੱਕੜ, ਸ਼ਾਮ ਲਾਲ ਗਾਂਧੀ, ਪੰਮਾ ਰਾਏ ਪ੍ਰਧਾਨ ਟਰੱਕ ਯੂਨੀਅਨ, ਅਸ਼ੋਕ ਸੋਨੀ, ਚੇਤਨ ਗਰੋਵਰ, ਬਾਉ ਲਾਲ, ਸੱਤਪਾਲ ਭੂਸਰੀ, ਮਦਨ ਲਾਲ, ਗੁਲਸ਼ਨ ਕਾਲੜਾ, ਗੌਰਵ ਨਾਰੰਗ, ਰੋਮੀ ਫੁੱਟੇਲਾ, ਹਰੀਸ਼ ਠੱਕਰ, ਗੁਰਜੀਤ ਸਿੰਘ ਗਿੱਲ, ਗੁਰਪ੍ਰੀਤ ਸਿੰਘ, ਨੀਲਾ ਮਦਾਨ, ਰਾਜ ਸਿੰਘ ਨੱਥੂ ਚਿਸਤੀ, ਪੀ.ਏ. ਹਰਬੰਸ ਸਿੰਘ, ਸੋਨੇ ਸਲੇਮ ਸ਼ਾਹ, ਐਕਸ ਈ ਐਨ ਕੁਲਦੀਪ ਸਿੰਘ, ਐਸ ਡੀ ਓ ਸੁਖਵਿੰਦਰ ਸਿੰਘ ਅਤੇ ਮੰਡੀ ਬੋਰਡ ਦੇ ਸਕੱਤਰ ਸਲੋਦ ਬਿਸ਼ਨੋਈ ਹਾਜ਼ਰ ਸਨ।




I/85679/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ

ਅੰਤਰਾਸ਼ਟਰੀ ਅਧਿਆਪਕ ਦਿਵਸ `ਤੇ ਜ਼ਿਲ੍ਹਾ ਸਿਖਿਆ ਅਧਿਕਾਰੀ ਵੱਲੋਂ ਹੋਣਹਾਰ ਅਧਿਆਪਕਾਂ ਦਾ ਸਨਮਾਨ

ਫਾਜ਼ਿਲਕਾ 5 ਅਕਤੂਬਰ :

ਜਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ) ਡਾ. ਸੁਖਵੀਰ ਸਿੰਘ ਬੱਲ ਨੈਸ਼ਨਲ ਅਵਾਰਡੀ ਵੱਲੋ ਅੰਤਰਾਸ਼ਟਰੀ ਅਧਿਆਪਕ ਦਿਵਸ `ਤੇ ਸਰਕਾਰੀ ਪ੍ਰਾਇਮਰੀ ਸਕੂਲ ਸੁਰੇਸ਼ਵਾਲਾ ਸੈਣੀ ਵਿਖੇ ਕੋਵਿਡ 19 ਪ੍ਰਤੀ ਸਾਵਧਾਨੀਆਂ ਵਰਤਦੇ ਹੋਏ ਅਤੇ ਸਮਾਜਿਕ ਦੂਰੀ ਦੀ ਪਾਲਣਾਂ ਕਰਦੇ ਹੋਏ ਇੱਕ ਸਾਦਾ ਸਮਾਗਮ ਦਾ ਆਯੋਜਨ ਕਰਵਾਇਆ ਗਿਆ।ਇਸ ਮੌਕੇ ਬਲਾਕ ਫਾਜਿਲਕਾ 1 ਅਤੇ ਫਾਜਿਲਕਾ 2 ਦੇ 30 ਅਧਿਆਪਕਾਂ ਨੂੰ ਪ੍ਰਸੰਸ਼ਾ ਪੱਤਰ ਦੇ ਕੇ ਸਨਮਾਨਿਤ ਵੀ ਕੀਤਾ ਗਿਆ।

ਜ਼ਿਲ੍ਹਾ ਸਿਖਿਆ ਅਧਿਕਾਰੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੰਤਰਰਾਸ਼ਟਰੀ ਅਧਿਆਪਕ ਦਿਵਸ ਹਰ ਸਾਲ 5 ਅਕਤੂਬਰ ਨੂੰ ਪੂਰੇ ਵਿਸ਼ਵ ਅੰਦਰ ਅਧਿਆਪਕਾਂ ਦੇ ਸਤਿਕਾਰ ਪੱਖੋ ਮਨਾਇਆ ਜਾਂਦਾ ਹੈ। ਉਹਨਾ ਕਿਹਾ ਕਿ ਉਹ ਆਪਣੇ ਅਧਿਆਪਕ ਸਾਥੀਆਂ ਨੂੰ ਸਨਮਾਨਿਤ ਕਰਕੇ ਵੱਖਰੀ ਖੁਸ਼ੀ ਮਹਿਸੂਸ ਕਰ ਰਹੇ ਹਨ।ਇਸ ਮੌਕੇ `ਤੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਬਲਾਕ ਫਾਜਿਲਕਾ 1 ਅਤੇ 2 ਸ਼੍ਰੀ ਸਤੀਸ਼ ਮਿਗਲਾਨੀ ਨੇ ਕਿਹਾ ਕਿ ਅਧਿਆਪਕ ਸਮਾਜ ਦਾ ਸਿਰਜਕ ਹੈ, ਅਧਿਆਪਕ ਦਾ ਸਨਮਾਨ ਹਰ ਹਾਲ ਵਿੱਚ ਬਹਾਲ ਰਹਿਣਾ ਚਾਹੀਦਾ ਹੈ।

ਇਸ ਮੌਕੇ ਪੜ੍ਹੋ ਪੰਜਾਬ ਪੜਾਓ ਪੰਜਾਬ ਜਿਲ੍ਹਾ ਕੋਆਰਡੀਨੇਟਰ ਰਾਜਿੰਦਰ ਕੁਮਾਰ ਅਤੇ ਸਟੇਟ ਕਮੇਟੀ ਮੈਂਬਰ ਲਵਜੀਤ ਸਿੰਘ ਗਰੇਵਾਲ ਨੇ ਵੀ ਸੰਬੋਧਨ ਕੀਤਾ। ਇਸ ਮੌਕੇ `ਤੇ ਸਨਮਾਨਿਤ ਹੋਣ ਵਾਲੇ ਸਮੂਹ ਅਧਿਆਪਕਾਂ ਨੇ ਸਾਝੇ ਤੌਰ ਤੇ ਕਿਹਾ ਕਿ ਇਸ ਸਨਮਾਨ ਨਾਲ ਉਹਨਾਂ ਦੀ ਜਿੰਮੇਵਾਰੀ ਹੋਰ ਵਧ ਗਈ ਹੈ ਅਤੇ ਉਹ ਆਪਣੀ ਜਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ।

ਇਸ ਮੌਕੇ ਜਿਲ੍ਹਾ ਕੋਆਰਡੀਨੇਟਰ ਵਿੱਦਿਆ ਮੁਕਾਬਲੇ ਸਵੀਕਾਰ ਗਾਂਧੀ, ਬੀ ਐਮ ਟੀ ਫਾਜਿਲਕਾ 2 ਵਰਿੰਦਰ ਕੁੱਕੜ, ਬੀ ਐਮ ਟੀ  ਫਾਜਿਲਕਾ 1 ਅਸ਼ਵਨੀ ਖੁੰਗਰ,  ਸੀ ਐਮ ਟੀ ਸੰਜੀਵ ਯਾਦਵ, ਸੀ ਐਮ ਟੀ ਸੁਨੀਲ ਗਾਂਧੀ, ਸੀ ਐਮ ਟੀ ਰੇਖਾ ਸ਼ਰਮਾ, ਸੀ ਐਮ ਟੀ , ਰੋਸ਼ਨ ਕੰਬੋਜ  ਸੀ ਐਚ ਟੀ ਹਨੂੰਮਾਨ ਰਾਮ, ਸੀ ਐਚ ਟੀ ਰਵਿੰਦਰਪਾਲ ਸਿੰਘ ਜਿਲ੍ਹਾ ਮੀਡੀਆ ਕੋਆਰਡੀਨੇਟਰ ਇਨਕਲਾਬ ਗਿੱਲ, ਜਿਲ੍ਹਾ ਸ਼ੋਸ਼ਲ ਮੀਡੀਆ ਕੋਆਰਡੀਨੇਟਰ ਸੰਦੀਪ ਗੁੰਬਰ ਅਤੇ ਸਕੂਲ ਦਾ ਸਮੂਹ ਸਟਾਫ਼ ਹਾਜਰ ਸੀ।

